**ਰਾਗੁ ਰਾਮਕਲੀ ਮਹਲਾ ੫ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਚਾਰਿ ਪੁਕਾਰਹਿ ਨਾ ਤੂ ਮਾਨਹਿ ॥ ਖਟੁ ਭੀ ਏਕਾ ਬਾਤ ਵਖਾਨਹਿ ॥ ਦਸ ਅਸਟੀ ਮਿਲਿ ਏਕੋ ਕਹਿਆ ॥ ਤਾ ਭੀ ਜੋਗੀ ਭੇਦੁ ਨ ਲਹਿਆ ॥੧॥ ਕਿੰਕੁਰੀ ਅਨੂਪ ਵਾਜੈ ॥ ਜੋਗੀਆ ਮਤਵਾਰੋ ਰੇ ॥੧॥ ਰਹਾਉ ॥ ਪ੍ਰਥਮੇ ਵਸਿਆ ਸਤ ਕਾ ਖੇੜਾ ॥ ਤ੍ਰਿਤੀਏ ਮਹਿ ਕਿਛੁ ਭਇਆ ਦੁਤੇੜਾ ॥ ਦੁਤੀਆ ਅਰਧੋ ਅਰਧਿ ਸਮਾਇਆ ॥ ਏਕੁ ਰਹਿਆ ਤਾ ਏਕੁ ਦਿਖਾਇਆ ॥੨॥ ਏਕੈ ਸੂਤਿ ਪਰੋਏ ਮਣੀਏ ॥ ਗਾਠੀ ਭਿਨਿ ਭਿਨਿ ਭਿਨਿ ਭਿਨਿ ਤਣੀਏ ॥ ਫਿਰਤੀ ਮਾਲਾ ਬਹੁ ਬਿਧਿ ਭਾਇ ॥ ਖਿੰਚਿਆ ਸੂਤੁ ਤ ਆਈ ਥਾਇ ॥੩॥ ਚਹੁ ਮਹਿ ਏਕੈ ਮਟੁ ਹੈ ਕੀਆ ॥ ਤਹ ਬਿਖੜੇ ਥਾਨ ਅਨਿਕ ਖਿੜਕੀਆ ॥ ਖੋਜਤ ਖੋਜਤ ਦੁਆਰੇ ਆਇਆ ॥ ਤਾ ਨਾਨਕ ਜੋਗੀ ਮਹਲੁ ਘਰੁ ਪਾਇਆ ॥੪॥ ਇਉ ਕਿੰਕੁਰੀ ਆਨੂਪ ਵਾਜੈ ॥ ਸੁਣਿ ਜੋਗੀ ਕੈ ਮਨਿ ਮੀਠੀ ਲਾਗੈ ॥੧॥ ਰਹਾਉ ਦੂਜਾ ॥੧॥੧੨॥ {ਪੰਨਾ 886}**

ਪਦਅਰਥ:- ਚਾਰਿ—ਚਾਰ ਵੇਦ {ਨੋਟ:- ਗਿਣਤੀ ਦੱਸਣ ਵਾਲਾ ਲਫ਼ਜ਼ 'ਚਾਰਿ' ਸਦਾ 'ਿ' ਨਾਲ ਹੋਇਆ ਕਰਦਾ ਹੈ}। ਪੁਕਾਰਹਿ—ਜ਼ੋਰ ਦੇ ਕੇ ਆਖਦੇ ਹਨ। ਖਟੁ—ਛੇ ਸ਼ਾਸਤਰ। ਏਕਾ ਬਾਤ—(ਇਹੀ) ਇਕੋ ਗੱਲ। ਵਖਾਨਹਿ—ਬਿਆਨ ਕਰਦੇ ਹਨ। ਦਸ ਅਸਟੀ—ਅਠਾਰਾਂ ਪੁਰਾਨ {ਅਸਟੀ—ਅੱਠ}। ਮਿਲਿ—ਮਿਲ ਕੇ। ਏਕੋ—ਇਕ ਬਚਨ। ਜੋਗੀ—ਹੇ ਜੋਗੀ! ਭੇਦੁ—(ਹਰੇਕ ਹਿਰਦੇ ਵਿਚ ਵੱਸ ਰਹੀ ਸੋਹਣੀ ਕਿੰਗੁਰੀ ਦਾ) ਭੇਤ। ਲਹਿਆ—ਲੱਭਾ।1।

ਕਿੰਕੁਰੀ—ਕਿੰਗਰੀ, ਸੋਹਣੇ ਕਿੰਗ। ਅਨੂਪ—ਉਪਮਾ-ਰਹਿਤ, ਬੇ-ਮਿਸਾਲ, ਬਹੁਤ ਸੋਹਣੀ। ਵਾਜੈ—(ਅੱਗੇ ਹੀ) ਵੱਜ ਰਹੀ ਹੈ। ਰੇ ਜੋਗੀਆ—ਹੇ ਜੋਗੀ! ਮਤਵਾਰੋ—ਮਤਵਾਲਾ, (ਆਪਣੀ ਕਿੰਗ ਵਜਾਣ ਵਿਚ) ਮਸਤ।1। ਰਹਾਉ।

ਪ੍ਰਥਮੇ—ਪਹਿਲੇ (ਜੁਗ ਵਿਚ) ਸਤਜੁਗ ਵਿਚ। ਖੇੜਾ—ਨਗਰ। ਸਤ—ਦਾਨ। ਤ੍ਰਿਤੀਏ ਮਹਿ—ਤ੍ਰੇਤੇ ਜੁਗ ਵਿਚ। ਦੁਤੇੜਾ—ਦੁਫੇੜਾ, ਕਮੀ, ਘਾਟ। ਅਰਧੋ ਅਰਧਿ—ਅੱਧ ਅੱਧ ਵਿਚ। ਏਕੁ ਰਹਿਆ—(ਧਰਮ ਦਾ ਸਿਰਫ਼) ਇੱਕ (ਪੈਰ) ਰਹਿ ਗਿਆ। ਏਕੁ—ਇੱਕ ਪਰਮਾਤਮਾ। ਦੁਤੀਆ—ਦੁਆਪਰ ਜੁਗ।

ਏਕੈ ਸੂਤਿ—ਇਕੋ ਧਾਗੇ ਵਿਚ, ਇਕੋ ਪਰਮਾਤਮਾ ਦੀ ਚੇਤਨ-ਸੱਤਾ ਵਿਚ। ਸੂਤਿ—ਸੂਤਰ ਵਿਚ। ਗਾਠੀ—ਗੰਢਾਂ, ਸ਼ਕਲਾਂ, ਸ਼ਖ਼ਸੀਅਤਾਂ। ਭਿਨਿ ਭਿਨਿ—ਵੱਖ ਵੱਖ। ਤਣੀਏ—ਤਾਣੀਆਂ ਹੋਈਆਂ ਹਨ। ਮਾਲਾ—ਸੰਸਾਰ-ਚੱਕਰ। ਬਹੁ ਬਿਧਿ—ਕਈ ਤਰੀਕਿਆਂ ਨਾਲ। ਬਹੁ ਭਾਇ—ਕਈ ਜੁਗਤੀਆਂ ਨਾਲ।

ਸੂਤ—(ਮਾਲਾ ਦਾ) ਧਾਗਾ, (ਜੀਵਾਂ ਵਿਚ ਪਰਮਾਤਮਾ ਦੀ ਚੇਤਨ-ਸੱਤਾ)। ਆਈ ਥਾਇ—(ਸਾਰੀ ਮਾਲਾ) ਇਕੋ ਥਾਂ ਵਿਚ ਆ ਜਾਂਦੀ ਹੈ (ਸਾਰੀ ਸ੍ਰਿਸ਼ਟੀ ਇਕੋ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੀ ਹੈ)।3।

ਚਹੁ ਮਹਿ—ਚਹੁੰਆਂ (ਜੁਗਾਂ) ਵਿਚ। ਏਕੈ ਮਟੁ—ਇਕੋ (ਪਰਮਾਤਮਾ) ਦਾ ਹੀ (ਜਗਤ-) ਮਠ {ਨੋਟ:- ਜੋਗੀਆਂ ਦਾ ਨਿਵਾਸ-ਅਸਥਾਨ 'ਮਠ' ਅਖਵਾਂਦਾ ਹੈ। ਇਹ ਜਗਤ ਸਾਰੇ ਜੀਵ-ਜੋਗੀਆਂ ਦਾ ਨਿਵਾਸ-ਅਸਥਾਨ ਹੈ}। ਤਹ—ਇਸ (ਜਗਤ-ਮਠ) ਵਿਚ। ਬਿਖੜੇ—ਔਖੇ। ਅਨਿਕ ਖਿੜਕੀਆ—ਅਨੇਕਾਂ ਜੂਨਾਂ। ਦੁਆਰੇ—(ਗੁਰੂ ਦੇ) ਦਰ ਤੇ। ਨਾਨਕ—ਹੇ ਨਾਨਕ! ਜੋਗੀ—ਜੋਗੀ ਨੇ, ਪ੍ਰਭੂ-ਚਰਨਾਂ ਵਿਚ ਜੁੜੇ ਮਨੁੱਖ ਨੇ। ਮਹਲੁ—ਪ੍ਰਭੂ ਦਾ ਮਹਲ। ਘਰੁ—ਪ੍ਰਭੂ ਦਾ ਘਰ। ਮਹਲੁ ਘਰੁ—ਪ੍ਰਭੂ ਦੇ ਚਰਨਾਂ ਵਿਚ ਨਿਵਾਸ।4।

ਇਉ—ਇਉਂ, ਇਸ ਤਰ੍ਹਾਂ, (ਭਾਵ, ਖੋਜ ਕਰਦਿਆਂ ਗੁਰੂ ਦੇ ਦਰ ਤੇ ਪਹੁੰਚ ਕੇ)। ਸੁਣਿ—ਸੁਣ ਕੇ। ਕੈ ਮਨਿ—ਦੇ ਮਨ ਵਿਚ। ਜੋਗੀ ਕੈ ਮਨਿ—ਪ੍ਰਭੂ-ਚਰਨਾਂ ਵਿਚ ਜੁੜੇ ਮਨੁੱਖ ਦੇ ਮਨ ਵਿਚ।1। ਰਹਾਉ ਦੂਜਾ।

ਨੋਟ:- ਪਹਿਲੇ 'ਰਹਾਉ' ਦੀਆਂ ਤੁਕਾਂ ਵਿਚ 'ਅਨੂਪ ਕਿੰਕੁਰੀ' ਦਾ ਜ਼ਿਕਰ ਕੀਤਾ ਗਿਆ ਸੀ। ਬੰਦ ਨੰ: 4 ਵਿਚ ਗੁਰੂ ਦੇ ਦਰ ਤੇ ਪਹੁੰਚਣ ਦੀ ਤਾਕੀਦ ਕੀਤੀ ਗਈ ਹੈ। 'ਦੂਜੇ ਰਹਾਉ' ਵਿਚ ਇਹ ਦੱਸਿਆ ਹੈ ਕਿ ਗੁਰੂ ਦੇ ਦਰ ਤੇ ਪਹੁੰਚਿਆਂ ਆਪਣੇ ਅੰਦਰ ਰੁਮਕ ਰਹੀ ਰੱਬੀ ਰੌ ਦਾ ਆਨੰਦ ਆਉਣ ਲੱਗ ਪੈਂਦਾ ਹੈ।

ਅਰਥ:- (ਆਪਣੀ ਨਿੱਕੀ ਜਿਹੀ ਕਿੰਗ ਵਜਾਣ ਵਿਚ) ਮਸਤ ਹੇ ਜੋਗੀ! (ਵੇਖ, ਅੱਗੇ ਹੀ) ਸੁੰਦਰ ਕਿੰਗ ਬੜੀ ਸੋਹਣੀ ਵੱਜ ਰਹੀ ਹੈ (ਹਰੇਕ ਜੀਵ ਦੇ ਹਿਰਦੇ ਵਿਚ ਰੱਬੀ ਰੌ ਚੱਲ ਰਹੀ ਹੈ—ਇਹੀ ਹੈ ਸੋਹਣੀ ਕਿੰਗ)।1। ਰਹਾਉ।

ਹੇ ਜੋਗੀ! ਚਾਰ ਵੇਦ ਪੁਕਾਰ ਪੁਕਾਰ ਕੇ ਆਖ ਰਹੇ ਹਨ (ਕਿ ਸਭ ਜੀਵਾਂ ਵਿਚ (ਰੱਬੀ ਜੋਤਿ-ਰੂਪ ਸੁੰਦਰ ਕਿੰਗਰੀ ਹਰ ਥਾਂ ਵੱਜ ਰਹੀ ਹੈ) ਪਰ ਤੂੰ ਯਕੀਨ ਨਹੀਂ ਕਰਦਾ। ਹੇ ਜੋਗੀ! ਛੇ ਸ਼ਾਸਤਰ ਭੀ ਇਹੀ ਗੱਲ ਬਿਆਨ ਕਰ ਰਹੇ ਹਨ। ਅਠਾਰਾਂ ਪੁਰਾਣਾਂ ਨੇ ਮਿਲ ਕੇ ਭੀ ਇਹੋ ਬਚਨ ਆਖਿਆ ਹੈ। ਪਰ ਹੇ ਜੋਗੀ! (ਹਰੇਕ ਹਿਰਦੇ ਵਿਚ ਵੱਜ ਰਹੀ ਸੋਹਣੀ ਕਿੰਗ ਦਾ) ਭੇਤ ਤੂੰ ਨਹੀਂ ਸਮਝਿਆ।1।

(ਹੇ ਜੋਗੀ! ਤੂੰ ਇਹੀ ਸਮਝਦਾ ਆ ਰਿਹਾ ਹੈਂ ਕਿ) ਪਹਿਲੇ ਜੁਗ (ਸਤਜੁਗ) ਵਿਚ ਦਾਨ ਦਾ ਨਗਰ

ਵੱਸਦਾ ਸੀ (ਭਾਵ, ਦਾਨ ਕਰਨ ਦਾ ਕਰਮ ਪ੍ਰਧਾਨ ਸੀ) ਅਤੇ ਤ੍ਰੇਤੇ ਜੁਗ ਵਿਚ (ਧਰਮ ਦੇ ਅੰਦਰ) ਕੁਝ ਤ੍ਰੇੜ ਆ ਗਈ (ਧਰਮ-ਬਲਦ ਦੀਆਂ ਤਿੰਨ ਲੱਤਾਂ ਰਹਿ ਗਈਆਂ)। (ਹੇ ਜੋਗੀ! ਤੂੰ ਇਹੀ ਨਿਸਚਾ ਬਣਾਇਆ ਹੋਇਆ ਹੈ ਕਿ) ਦੁਆਪਰ ਜੁਗ ਅੱਧ ਵਿਚ ਟਿਕ ਗਿਆ (ਭਾਵ, ਦੁਆਪਰ ਜੁਗ ਵਿਚ ਧਰਮ-ਬਲਦ ਦੀਆਂ ਦੋ ਲੱਤਾਂ ਰਹਿ ਗਈਆਂ) ਅਤੇ (ਹੁਣ ਜਦੋਂ ਕਲਜੁਗ ਵਿਚ ਧਰਮ-ਬਲਦ ਸਿਰਫ਼) ਇੱਕ (ਲੱਤ ਵਾਲਾ) ਰਹਿ ਗਿਆ ਹੈ, ਤਦੋਂ (ਦਾਨ, ਤਪ, ਜੱਗ ਆਦਿਕ ਦੇ ਥਾਂ ਹਰਿ-ਨਾਮ-ਸਿਮਰਨ ਦਾ) ਇੱਕੋ (ਰਸਤਾ ਮੂਰਤੀ-ਪੂਜਾ ਨੇ ਜੀਵਾਂ ਨੂੰ) ਵਿਖਾਇਆ ਹੈ (ਪਰ ਤੈਨੂੰ ਇਹ ਭੁਲੇਖਾ ਹੈ ਕਿ ਇਕੋ ਪਰਮਾਤਮਾ ਦੇ ਰਚੇ ਜਗਤ ਵਿਚ ਵਖ ਵਖ ਜੁਗਾਂ ਵਿਚ ਵਖ ਵਖ ਧਰਮ-ਆਦਰਸ਼ ਹੋ ਗਏ। ਪਰਮਾਤਮਾ ਦੀ ਬਣਾਈ ਮਰਯਾਦਾ ਸਦਾ ਇਕ-ਸਾਰ ਰਹਿੰਦੀ ਹੈ, ਉਸ ਵਿਚ ਤਬਦੀਲੀ ਨਹੀਂ ਆਉਂਦੀ)।2।

(ਵੇਖ, ਹੇ ਜੋਗੀ! ਜਿਵੇਂ ਮਾਲਾ ਦੇ ਇਕੋ ਧਾਗੇ ਵਿਚ ਕਈ ਮਣਕੇ ਪ੍ਰੋਤੇ ਹੋਏ ਹੁੰਦੇ ਹਨ, ਤੇ, ਉਸ ਮਾਲਾ ਨੂੰ ਮਨੁੱਖ ਫੇਰਦਾ ਰਹਿੰਦਾ ਹੈ, ਤਿਵੇਂ) ਜਗਤ ਦੇ ਸਾਰੇ ਹੀ ਜੀਵ-ਮਣਕੇ ਪਰਮਾਤਮਾ ਦੀ ਸੱਤਾ-ਰੂਪ ਧਾਗੇ ਵਿਚ ਪ੍ਰੋਤੇ ਹੋਏ ਹਨ (ਸੰਸਾਰ-ਚੱਕਰ ਦੀ) ਇਹ ਮਾਲਾ ਕਈ ਤਰੀਕਿਆਂ ਨਾਲ ਕਈ ਜੁਗਤੀਆਂ ਨਾਲ ਫਿਰਦੀ ਰਹਿੰਦੀ ਹੈ। (ਜਦੋਂ ਪਰਮਾਤਮਾ ਆਪਣੀ) ਸੱਤਾ-ਰੂਪ ਧਾਗਾ (ਇਸ ਜਗਤ-ਮਾਲਾ ਵਿਚੋਂ) ਖਿੱਚ ਲੈਂਦਾ ਹੈ, ਤਾਂ (ਸਾਰੀ ਮਾਲਾ ਇਕੋ) ਥਾਂ ਵਿਚ ਆ ਜਾਂਦੀ ਹੈ (ਸਾਰੀ ਸ੍ਰਿਸ਼ਟੀ ਇਕੋ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੀ ਹੈ)।3।

(ਵੇਖ, ਹੇ ਜੋਗੀ! ਜੋਗੀਆਂ ਦੇ ਮਠ ਵਾਂਗ ਇਹ ਜਗਤ ਇਕ ਮਠ ਹੈ) ਚਹੁੰਆਂ ਹੀ ਜੁਗਾਂ ਵਿਚ (ਸਦਾ ਤੋਂ ਹੀ) ਇਹ ਜਗਤ-ਮਠ ਇਕ (ਪਰਮਾਤਮਾ) ਦਾ ਹੀ ਬਣਾਇਆ ਹੋਇਆ ਹੈ। ਇਸ ਜਗਤ-ਮਠ ਵਿਚ ਜੀਵ ਨੂੰ ਖ਼ੁਆਰ ਕਰਨ ਲਈ ਅਨੇਕਾਂ (ਵਿਕਾਰ-ਰੂਪ) ਔਖੇ ਥਾਂ ਹਨ (ਅਤੇ ਵਿਕਾਰਾਂ ਵਿਚ ਫਸੇ ਜੀਵਾਂ ਵਾਸਤੇ) ਅਨੇਕਾਂ ਹੀ ਜੂਨਾਂ ਹਨ (ਜਿਨ੍ਹਾਂ ਵਿਚੋਂ ਦੀ ਜੀਵਾਂ ਨੂੰ ਲੰਘਣਾ ਪੈਂਦਾ ਹੈ, ਜਿਵੇਂ ਕਿਸੇ ਘਰ ਦੀ ਖਿੜਕੀ ਵਿਚੋਂ ਦੀ ਲੰਘੀਦਾ ਹੈ)। ਹੇ ਨਾਨਕ! (ਆਖ—ਹੇ ਜੋਗੀ!) ਜਦੋਂ ਕੋਈ ਮਨੁੱਖ (ਪਰਮਾਤਮਾ ਦੇ ਦੇਸ ਦੀ) ਭਾਲ ਕਰਦਾ ਕਰਦਾ (ਗੁਰੂ ਦੇ) ਦਰ ਤੇ ਆ ਪਹੁੰਚਦਾ ਹੈ, ਤਦੋਂ ਪ੍ਰਭੂ-ਚਰਨਾਂ ਵਿਚ ਜੁੜੇ ਉਸ ਮਨੁੱਖ ਨੂੰ ਪਰਮਾਤਮਾ ਦਾ ਮਹਲ ਪਰਮਾਤਮਾ ਦਾ ਘਰ ਲੱਭ ਪੈਂਦਾ ਹੈ।4।

(ਹੇ ਜੋਗੀ!) ਇਸ ਤਰ੍ਹਾਂ ਖੋਜ ਕਰਦਿਆਂ ਕਰਦਿਆਂ ਗੁਰੂ ਦੇ ਦਰ ਤੇ ਪਹੁੰਚ ਕੇ ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਹਰੇਕ ਹਿਰਦੇ ਵਿਚ ਪਰਮਾਤਮਾ ਦੀ ਚੇਤਨ-ਸੱਤਾ ਦੀ) ਸੁੰਦਰ ਕਿੰਗਰੀ ਵੱਜ ਰਹੀ ਹੈ।

(ਇਹ ਸੁੰਦਰ ਕਿੰਗਰੀ ਵੱਜਦੀ) ਸੁਣ ਸੁਣ ਕੇ ਪਰਮਾਤਮਾ ਦੇ ਚਰਨਾਂ ਵਿਚ ਜੁੜੇ ਹੋਏ ਮਨੁੱਖ ਦੇ ਮਨ ਵਿਚ (ਇਹ ਕਿੰਗਰੀ) ਮਿੱਠੀ ਲੱਗਣ ਲੱਗ ਪੈਂਦੀ ਹੈ।1। ਰਹਾਉ ਦੂਜਾ।

ਜ਼ਰੂਰੀ ਨੋਟ:- 'ਰਹਾਉ' ਦੀ ਤੁਕ ਵਿਚ ਸਾਰੇ ਸ਼ਬਦ ਦਾ ਕੇਂਦਰੀ ਭਾਵ ਹੈ। ਪਹਿਲੇ ਦੋ ਬੰਦਾਂ ਵਿਚ ਕਿਸੇ ਜੋਗੀ ਦਾ ਧਿਆਨ ਉਸ ਦੇ ਆਪਣੇ ਹੀ ਧਾਰਮਿਕ ਭੁਲੇਖਿਆਂ ਵਲ ਦਿਵਾਇਆ ਗਿਆ ਹੈ। ਤੀਜੇ ਅਤੇ ਚੌਥੇ ਬੰਦ ਵਿਚ ਸਤਿਗੁਰੂ ਜੀ ਆਪਣਾ ਮਤ ਬਿਆਨ ਕਰ ਰਹੇ ਹਨ।